# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20 Pm**

**ਮਿਤੀ: 21-02-2025**

- ਵਿਦੇਸ਼ ਮੰਤਰਾਲੇ ਨੇ ਕਿਹਾ-ਭਾਰਤੀ ਮਿਸ਼ਨ ਅਮਰੀਕਾ ਤੋਂ ਦੇਸ਼ ਨਿਕਾਲੇ ਦੀਆਂ ਉਡਾਣਾਂ 'ਤੇ ਪਨਾਮਾ ਅਤੇ ਕੋਸਟਾ ਰੀਕਾ ਲਿਆਂਦੇ ਗਏ ਭਾਰਤੀ ਨਾਗਰਿਕਾਂ ਦੇ ਸਬੰਧ ਵਿੱਚ, ਸਥਾਨਕ ਅਧਿਕਾਰੀਆਂ ਦੇ ਸੰਪਰਕ ਵਿੱਚ ਏ।
- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਭਾਰਤ ਮੰਡਪਮ ਵਿਖੇ ਸਕੂਲ ਆਫ ਅਲਟੀਮੇਟ ਲੀਡਰਸ਼ਿਪ- ਸੰਮੇਲਨ ਦੇ ਪਹਿਲੇ ਸੰਸਕਰਣ ਦਾ ਉਦਘਾਟਨ ਕੀਤਾ -ਕਿਹਾ - ਭਾਰਤ ਆਲਮੀ ਊਰਜਾ ਕੇਂਦਰ ਵਜੋਂ ਉੱਭਰ ਰਿਹਾ ਏ ਅਤੇ ਇਸ ਲਈ ਹਰ ਖੇਤਰ ਵਿੱਚ ਉਰਜਾਵਾਨ ਆਗੂਆਂ ਦੀ ਲੋੜ ਏ।
- ਪੰਜਾਬ ਵਿਚ 21, IPS ਪੁਲਿਸ ਅਧਿਕਾਰੀਆਂ ਦੇ ਤਬਾਦਲੇ ਕਰ ਦਿੱਤੇ ਗਏ ਨੇ।
- NRI ਸਭਾ ਪੰਜਾਬ ਵਲੋਂ, ਪਰਵਾਸ ਦੇ ਮਸਲੇ ਤੇ ਵਿਚਾਰ ਵਿਟਾਂਦਰਾ ਕਰਨ ਲਈ, 22 ਅਤੇ 23 ਫਰਵਰੀ ਨੂੰ ਜਲੰਧਰ ਵਿਚ ਦੋ ਰੋਜ਼ਾ ਕੌਮਾਂਤਰੀ ਸੈਮੀਨਾਰ ਦਾ ਆਯੋਜਨ।

- ਅੱਜ ਪੰਜਾਬ ਸਮੇਤ ਦੇਸ਼ ਭਰ ਵਿਚ ਕੌਮਾਂਤਰੀ ਮਾਂ ਬੋਲੀ ਦਿਵਸ ਮਨਾਇਆ ਜਾ ਰਿਹਾ ਏ।
- ਅੰਮ੍ਰਿਤਸਰ ਪੁਲਿਸ ਨੇ 5 ਕਿਲੋ ਹੈਰੋਇਨ ਸਮੇਤ 4 ਮੁਲਜ਼ਮਾਂ ਨੂੰ ਕੀਤਾ ਗ੍ਰਿਫਤਾਰ ਕੀਤਾ ਏ।

------------------------------------------------------

ਪੰਜਾਬ ਵਿਚ 21, IPS ਪੁਲਿਸ ਅਧਿਕਾਰੀਆਂ ਦੇ ਤਬਾਦਲੇ ਕਰ ਦਿੱਤੇ ਗਏ ਨੇ । ਇਨਾ ਵਿਚ ਹੁਸ਼ਿਆਰਪੁਰ ,ਅੰਮ੍ਰਿਤਸਰ, ਗੁਰਦਸਪੂਰ, ਫਿਰੋਜ਼ਪੁਰ, ਬਰਨਾਲਾ, ਫਤਹਿਗੜ੍ਹ ਸਾਹਿਬ ਅਤੇ ਲੁਧਿਆਣਾ ਦਿਹਾਤੀ ਦੇ ਜ਼ਿਲਾ ਪੁਲਿਸ ਕਪਤਾਨ ਦੇ ਤਬਾਦਲੇ ਸ਼ਾਮਿਲ ਨੇ । ਸੁਧਾਂਸ਼ੂ ਸ਼੍ਰੀ ਵਾਸਤਵ ਨੂੰ ADGP ਸਕਿਊਰਟੀ ਪੰਜਾਬ , ਚੰਡੀਗੜ੍ਹ ਦੇ ਕਾਰਜਭਾਰ ਸਮੇਤ ADGP ਪ੍ਰੋਵੀਜਿਨਿੰਗ ਦਾ ਚਾਰਜ ਵੀ ਦੇ ਦਿੱਤਾ ਗਿਆ ਏ । ਲੁਧਿਆਣਾ ਰੇਂਜ ਦੀ ਇੰਸਪੈਕਟਰ ਜਨਰਲ ਆਫ ਪੁਲਿਸ ਧੰਨਪ੍ਰੀਤ ਕੌਰ, ਜਲੰਧਰ ਦੇ ਪੁਲਿਸ ਕਮਿਸ਼ਨਰ ਸਵਪਨ ਸ਼ਰਮਾ ਦੀ ਥਾਂ ਲੈਣਗੇ, ਜਿਨ੍ਹਾਂ ਨੂੰ ਫਿਰਿਜ਼ਪੁਰ ਰੇਂਜ ਦਾ DIG ਦਾ ਚਾਰਜ ਸੌਂਪ ਦਿੱਤਾ ਗਿਆ ਏ।

------------------------------------------------------

ਵਿਦੇਸ਼ ਮੰਤਰਾਲੇ ਨੇ ਅੱਜ ਕਿਹਾ ਕਿ US-AID ਫੰਡਿੰਗ ਬਾਰੇ ਹਾਲੀਆ ਬਿਆਨ ਪਰੇਸ਼ਾਨ ਕਰਨ ਵਾਲੇ ਨੇ ਅਤੇ ਭਾਰਤ ਦੇ ਅੰਦਰੂਨੀ ਮਾਮਲਿਆਂ ਵਿੱਚ ਵਿਦੇਸ਼ੀ ਦਖਲ-ਅੰਦਾਜ਼ੀ ਬਾਰੇ ਚਿੰਤਾਵਾਂ ਪੈਦਾ ਕਰਦੇ ਹਨ। ਅੱਜ

ਦੁਪਹਿਰ ਨਵੀਂ ਦਿੱਲੀ ਵਿੱਚ ਪੱਤਰਕਾਰਾਂ ਨੂੰ ਜਾਣਕਾਰੀ ਦਿੰਦੇ ਹੋਏ, ਮੰਤਰਾਲੇ ਦੇ ਬੁਲਾਰੇ ਰਣਧੀਰ ਜੈਸਵਾਲ ਨੇ ਕਿਹਾ ਕਿ ਸਬੰਧਤ ਵਿਭਾਗ ਅਤੇ ਏਜੰਸੀਆਂ ਇਸ ਮਾਮਲੇ ਦੀ ਜਾਂਚ ਕਰ ਰਹੀਆਂ ਹਨ। ਉਨ੍ਹਾਂ ਨੇ US-AID ਫੰਡਿੰਗ ਬਾਰੇ ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਦੀਆਂ ਟਿੱਪਣੀਆਂ 'ਤੇ ਇੱਕ ਸਵਾਲ ਦਾ ਜਵਾਬ ਦਿੰਦੇ ਹੋਏ ਇਹ ਗੱਲ ਕਹੀ । ਵਿਦੇਸ਼ ਮੰਤਰਾਲੇ ਨੇ ਕਿਹਾ ਕਿ ਪਨਾਮਾ ਵਿੱਚ ਭਾਰਤੀ ਮਿਸ਼ਨ ਅਮਰੀਕਾ ਤੋਂ ਦੇਸ਼ ਨਿਕਾਲੇ ਦੀਆਂ ਉਡਾਣਾਂ 'ਤੇ ਪਨਾਮਾ ਅਤੇ ਕੋਸਟਾ ਰੀਕਾ ਲਿਆਂਦੇ ਗਏ ਭਾਰਤੀ ਨਾਗਰਿਕਾਂ ਦੇ ਸਬੰਧ ਵਿੱਚ ਸਥਾਨਕ ਅਧਿਕਾਰੀਆਂ ਦੇ ਸੰਪਰਕ ਵਿੱਚ ਏ । ਮੀਡੀਆ ਦੇ ਸਵਾਲਾਂ ਦੇ ਜਵਾਬ ਵਿੱਚ, ਜੈਸਵਾਲ ਨੇ ਕਿਹਾ ਕਿ ਉਹ ਇਹ ਨਿਰਧਾਰਤ ਕਰਨ ਲਈ ਵੇਰਵਿਆਂ ਦੀ ਪੁਸ਼ਟੀ ਕਰ ਰਹੇ ਹਨ ਕਿ ਸਬੰਧਤ ਵਿਅਕਤੀ ਭਾਰਤੀ ਹਨ ਜਾਂ ਨਹੀਂ। ਉਨ੍ਹਾਂ ਕਿਹਾ ਕਿ ਇੱਕ ਵਾਰ ਪੁਸ਼ਟੀ ਹੋਣ ਤੋਂ ਬਾਅਦ, ਭਾਰਤੀ ਨਾਗਰਿਕਾਂ ਨੂੰ ਵਾਪਸ ਲਿਆਂਦਾ ਜਾਵੇਗਾ। ਸ਼੍ਰੀ ਜੈਸਵਾਲ ਨੇ ਕਿਹਾ ਕਿ ਜਿਨ੍ਹਾਂ ਲੋਕਾਂ ਨੂੰ ਪਨਾਮਾ ਵਾਪਸ ਭੇਜਿਆ ਗਿਆ ਏ ਉਹ ਗੈਰ-ਕਾਨੂੰਨੀ ਤੌਰ 'ਤੇ ਅਮਰੀਕਾ ਵਿੱਚ ਰਹਿ ਰਹੇ ਸਨ। ਭਾਰਤੀ ਡਿਪੋਰਟਰਾਂ ਨੂੰ ਅੰਮ੍ਰਿਤਸਰ ਲਿਜਾਣ ਵਾਲੀਆਂ ਅਮਰੀਕੀ ਉਡਾਣਾਂ ਬਾਰੇ, ਓਹਨਾ ਕਿਹਾ ਕਿ ਭਾਰਤ ਨੇ ਅਮਰੀਕੀ ਸਰਕਾਰ ਨਾਲ ਆਪਣੀਆਂ ਚਿੰਤਾਵਾਂ ਸਾਂਝੀਆਂ ਕੀਤੀਆਂ ਹਨ। ਉਨ੍ਹਾਂ ਦੱਸਿਆ ਕਿ ਨਵੀਂ

ਦਿੱਲੀ ਨੇ ਇਸ ਗੱਲ 'ਤੇ ਜ਼ੋਰ ਦਿੱਤਾ ਏ  ਕਿ ਡਿਪੋਰਟ ਕੀਤੇ ਜਾ ਰਹੇ ਲੋਕਾਂ ਨਾਲ ਮਨੁੱਖੀ ਵਿਵਹਾਰ ਕੀਤਾ ਜਾਣਾ ਚਾਹੀਦਾ ਏ ਅਤੇ ਉਨ੍ਹਾਂ ਦੀਆਂ ਧਾਰਮਿਕ ਸੰਵੇਦਨ-ਸ਼ੀਲਤਾਵਾਂ ਨੂੰ ਵੀ ਧਿਆਨ ਵਿੱਚ ਰੱਖਿਆ ਜਾਣਾ ਚਾਹੀਦਾ ਏ। ਸ੍ਰੀ ਜੈਸਵਾਲ ਨੇ ਕਿਹਾ ਕਿ 15 ਅਤੇ 16 ਫਰਵਰੀ ਨੂੰ ਅੰਮ੍ਰਿਤਸਰ ਵਿੱਚ ਉਤਰਨ ਵਾਲੀਆਂ ਉਡਾਣਾਂ 'ਤੇ ਬੱਚਿਆਂ ਅਤੇ ਔਰਤਾਂ ਨੂੰ ਕਿਸੇ ਵੀ ਤਰ੍ਹਾਂ ਦੀ ਬੇੜੀਆਂ ਨਹੀਂ ਪਾਈਆਂ ਗਈਆਂ।

---------------------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ ਏ ਕਿ ਦੇਸ਼ ਨੂੰ ਹਰ ਖੇਤਰ ਵਿੱਚ ਊਰਜਾਵਾਨ ਆਗੂਆਂ ਦੀ ਲੋੜ ਏ ਕਿਉਂਕਿ ਭਾਰਤ ਇੱਕ ਵਿਸ਼ਵ ਊਰਜਾ ਕੇਂਦਰ ਵਜੋਂ ਉੱਭਰ ਰਿਹਾ ਏ  ਉਨ੍ਹਾਂ ਕਿਹਾ, ਦੇਸ਼ ਨੂੰ ਅਜਿਹੇ ਵਿਸ਼ਵ ਪੱਧਰੀ ਨੇਤਾਵਾਂ ਦੀ ਜ਼ਰੂਰਤ ਏ ਜੋ ਰੁਝਾਨ ਤੈਅ ਕਰ ਸਕਣ ਅਤੇ ਵਿਸ਼ਵ ਦੀਆਂ ਗੁੰਝਲਾਂ ਦਾ ਹੱਲ ਲੱਭ ਸਕਣ। ਪ੍ਰਧਾਨ ਮੰਤਰੀ ਨੇ ਅੱਜ ਨਵੀਂ ਦਿੱਲੀ ਦੇ ਭਾਰਤ ਮੰਡਪਮ ਵਿਖੇ, ਸਕੂਲ ਆਫ਼ ਅਲਟੀਮੇਟ ਲੀਡਰਸ਼ਿਪ ਸਮਾਗਮ ਦੇ ਪਹਿਲੇ ਐਡੀਸ਼ਨ ਦਾ ਉਦਘਾਟਨ ਕੀਤਾ। ਇਕੱਠ ਨੂੰ ਸੰਬੋਧਨ ਕਰਦੇ ਹੋਏ, ਪ੍ਰਧਾਨ ਮੰਤਰੀ ਨੇ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਵਿਸ਼ਵ ਪੱਧਰੀ ਸ਼ਾਸਨ ਅਤੇ ਨੀਤੀ ਬਣਾਉਣ ਵਾਲੇ ਈਕੋ-ਸਿਸਟਮ ਨੂੰ ਆਲਮੀ ਸਰਵੋਤਮ ਅਭਿਆਸਾਂ ਨਾਲ ਜੋੜ ਕੇ ਬਣਾਉਣ ਲਈ ਕਦਮ ਚੁੱਕੇ ਜਾਣੇ ਚਾਹੀਦੇ ਨੇ।

---------------------------------------------------------------

ਕੇਂਦਰ ਸਰਕਾਰ ਨੇ ਅਚਾਨਕ ਦਿਲ ਦਾ ਦੌਰਾ ਪੈਣ ਕਾਰਨ, ਮੌਤਾਂ ਦੀ ਵੱਧ ਰਹੀ ਗਿਣਤੀ ਨਾਲ ਨਜਿੱਠਣ ਲਈ, 9ਵੀਂ ਜਮਾਤ ਤੋਂ ਸਕੂਲ ਪਾਠਕ੍ਰਮ ਵਿੱਚ, ਬੁਨਿਆਦੀ ਜੀਵਨ ਰੱਖਿਅਕ ਸਹਾਇਤਾ (BLS) ਬਾਰੇ ਸਿਖਲਾਈ ਨੂੰ ਸ਼ਾਮਲ ਕਰਨ ਦਾ ਫੈਸਲਾ ਕੀਤਾ ਏ। ਇਹ ਕਦਮ, ਪੰਜਾਬ ਤੋਂ ਰਾਜ ਸਭਾ ਮੈਂਬਰ ਸੰਤ ਬਲਬੀਰ ਸਿੰਘ ਸੀਚੇਵਾਲ ਵੱਲੋਂ, ਪਿਛਲੇ ਸਾਲ ਸੰਸਦ ਵਿੱਚ, ਲੋਕਾਂ ਨੂੰ BLS ਤਕਨੀਕਾਂ ਦੀ ਸਿਖਲਾਈ ਦੇਣ ਦੀ ਮਹੱਤਤਾ 'ਤੇ ਜ਼ੋਰ ਦੇਣ ਤੋਂ ਬਾਅਦ ਚੁਕਿਆ ਗਿਆ ਏ। BYTE ਸੀਚੇਵਾਲ ਸੰਤ ਸੀਚੇਵਾਲ ਨੂੰ ਲਿਖੇ ਪੱਤਰ ਵਿੱਚ, ਹੁਨਰ ਵਿਕਾਸ, ਉੱਦਮਸ਼ੀਲਤਾ ਅਤੇ ਸਿੱਖਿਆ ਬਾਰੇ ਕੇਂਦਰੀ ਰਾਜ ਮੰਤਰੀ, ਜਯੰਤ ਚੌਧਰੀ ਵੱਲੋਂ ਦੱਸਿਆ ਗਿਆ ਏ ਕਿ, BLS ਦੀ ਸਿਖਲਾਈ ਹੁਣ 9ਵੀਂ ਜਮਾਤ ਦੇ ਵਿਦਿਆਰਥੀਆਂ ਲਈ ਲਾਜ਼ਮੀ ਕੀਤੀ ਜਾਵੇਗੀ। ਇਸ ਨੂੰ ਸਰੀਰਕ ਸਿੱਖਿਆ ਅਤੇ ਫਿਟਨੈਸ ਪਾਠਕ੍ਰਮ ਵਿੱਚ, ਸ਼ਾਮਲ ਕੀਤਾ ਜਾਵੇਗਾ। ਮੰਤਰੀ ਨੇ ਇਹ ਵੀ ਦੱਸਿਆ ਕਿ, ਸਿਹਤ ਅਤੇ ਪਰਿਵਾਰ ਭਲਾਈ ਮੰਤਰਾਲੇ ਨੇ ਵਿਆਪਕ BLS ਸਿਖਲਾਈ ਮਾਡਿਊਲ ਵਿਕਸਤ ਕਰਨ ਲਈ, ਇੱਕ ਮੀਟਿੰਗ ਬੁਲਾਈ ਏ। ਸੰਤ ਸੀਚੇਵਾਲ ਨੇ ਇਹ ਮੁੱਦਾ ਪਿਛਲੇ ਸਾਲ ਸੰਸਦ 'ਚ ਇਸ ਗੱਲ 'ਤੇ

ਚਾਨਣਾ ਪਾਉਣ ਲਈ ਉਠਾਇਆ ਸੀ ਕਿ, ਹਰ ਸਾਲ ਦੇਸ਼ ਵਿੱਚ, ਅਚਾਨਕ ਦਿਲ ਦਾ ਦੌਰਾ ਪੈਣ ਨਾਲ, ਕਰੀਬ 10 ਲੱਖ ਲੋਕਾਂ ਦੀ ਮੌਤ ਹੁੰਦੀ ਏ।

----------------------------------------------------

ਲੁਧਿਆਣਾ ਵਿਚ ਅੱਜ ਸਕੰਲਪ ਸਕੀਮ ਅਧੀਨ ਮਹਿਲਾ ਕੇਂਦਰੀ ਜੇਲ ਵਿਖੇ ਕਿੱਟ ਵੰਡ ਸਮਾਰੋਹ ਦਾ ਆਯੋਜਨ ਕੀਤਾ ਗਿਆ। ਮੁੱਖ ਮੰਤਰੀ ਦੇ ਫੀਲਡ ਅਫ਼ਸਰ ਕ੍ਰਿਤਿਕਾ ਗੋਇਲ ਵੱਲੋਂ ਮਹਿਲਾ ਕੇਂਦਰੀ ਜੇਲ ਦਾ ਦੌਰਾ ਕਰਦਿਆਂ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਮਹਿਲਾ ਕੈਦੀ ਸਿਖਲਾਈ ਦਾ ਕੋਰਸ ਜ਼ਰੂਰ ਕਰਨ ਤਾਂ ਜੋ ਆਪਣੀ ਸਜਾ ਪੂਰੀ ਕਰਨ ਉਪਰੰਤ ਉਹ ਸਵੈ-ਰੋਜ਼ਗਾਰ ਸਥਾਪਿਤ ਕਰ ਸਕਣ। ਉਨ੍ਹਾਂ ਸਪੱਸ਼ਟ ਕੀਤਾ ਇਸ ਪ੍ਰੋਗਰਾਮ ਦਾ ਮੁੱਖ ਮੰਤਵ ਮਹਿਲਾ ਕੈਦੀਆਂ ਨੂੰ ਹੁਨਰਮੰਦ ਬਣਾਉਣਾ ਹੈ।

BYTE

----------------------------------------------------

ਅੰਮ੍ਰਿਤਸਰ ਪੁਲਿਸ ਨੇ 5 ਕਿਲੋ ਹੈਰੋਇਨ ਸਮੇਤ 4 ਮੁਲਜ਼ਮ ਨੂੰ ਕੀਤਾ ਗ੍ਰਿਫਤਾਰ ਕੀਤਾ ਏ। ਪੁਲਿਸ ਕਮਿਸ਼ਨਰ ਗੁਰਪ੍ਰੀਤ ਸਿੰਘ ਭੁੱਲਰ ਨੇ ਇਸ ਬਾਰੇ ਜਾਣਕਾਰੀ ਦੀਦਿਆਂ ਦੱਸਿਆ ਕਿ ਦੋ ਵੱਖ-ਵੱਖ ਮਾਮਲਿਆਂ ਦੇ ਵਿੱਚ ਪੰਜ ਕਿਲੋ 67 ਗ੍ਰਾਮ ਹੀਰੋਇਨ ਬਰਾਮਦ ਕੀਤੀ ਗਈ ਏ ।

BYTE ਪੁਲਿਸ ਕਮਿਸ਼ਨਰ ਗੁਰਪ੍ਰੀਤ ਸਿੰਘ ਭੁੱਲਰ

---------------------------------------------------------

ਪਟਿਆਲਾ ਪੁਲਿਸ ਨੇ ਇਕ ਵਿਦੇਸ਼ੀ ਗੈਂਗਸਟਰ ਵਲੋਂ ਵਿਦੇਸ਼ ਵਿਚ ਬੈਠ ਕੇ ਚਲਾਏ ਜਾ ਰਹੇ ਟਾਰਗੈਟ ਕਿਲਿੰਗ ਮਾਡਿਊਲ ਦੇ ਦੋ ਕਾਰਕੁਨਾਂ ਨੂੰ ਅੱਜ ਰਾਜਪੁਰਾ ਤੋਂ ਗ੍ਰਿਫ਼ਤਾਰ ਕਰਕੇ ਇਸ ਗਿਰੋਹ ਦਾ ਪਰਦਾਫਾਸ਼ ਕੀਤਾ ਏ। ਗ੍ਰਿਫ਼ਤਾਰ ਕੀਤੇ ਗਏ ਵਿਅਕਤੀਆਂ ਦੀ ਪਛਾਣ ਮਲਕੀਤ ਸਿੰਘ ਉਰਫ਼ ਮੈਕਸ, ਜੋ ਕਿ ਅਜਨਾਲਾ, ਅੰਮ੍ਰਿਤਸਰ ਦੇ ਪਿੰਡ ਰੋਡਾਲਾ ਦਾ ਰਹਿਣ ਵਾਲਾ ਏ ਅਤੇ ਮੌਜੂਦਾ ਸਮੇਂ ਫਤਿਹਗੜ੍ਹ ਸਾਹਿਬ ਦੇ ਪਿੰਡ ਸੇਮਪਾਲੀ ਵਿੱਚ ਰਹਿੰਦਾ ਏ ਅਤੇ ਫਤਿਹਗੜ੍ਹ ਸਾਹਿਬ ਦੇ ਸਰਹਿੰਦ ਵਾਸੀ ਸੰਦੀਪ ਸਿੰਘ ਉਰਫ਼ ਦੀਪ ਵਜੋਂ ਹੋਈ ਏ। ਪੁਲਿਸ ਟੀਮਾਂ ਨੇ ਫੜੇ ਗਏ ਮੁਲਜ਼ਮਾਂ ਦੇ ਕਬਜ਼ੇ ਚੋਂ ਪੰਜ ਪਿਸਤੌਲ ਅਤੇ 15 ਕਾਰਤੂਸਾਂ ਦੇ ਨਾਲ ਨਾਲ 1300 ਨਸ਼ੀਲੀਆਂ ਗੋਲੀਆਂ ਵੀ ਬਰਾਮਦ ਕੀਤੀਆਂ ਨੇ । ਮੁੱਢਲੀ ਜਾਂਚ ਤੋਂ ਪਤਾ ਲੱਗਾ ਏ ਕਿ ਗ੍ਰਿਫ਼ਤਾਰ ਕੀਤੇ ਗਏ ਦੋਵੇਂ ਮੁਲਜ਼ਮ ਜ਼ਬਰਨ ਵਸੂਲੀ ਨਾਲ ਸਬੰਧਤ ਦੋ ਅਪਰਾਧਿਕ ਮਾਮਲਿਆਂ ਵਿੱਚ ਲੋੜੀਂਦੇ ਸਨ ਅਤੇ ਉਨ੍ਹਾਂ ਦੇ ਵਿਦੇਸ਼ ਬੈੱਠੇ ਇਕ ਹੈਂਡਲਰ ਨੇ ਉਨ੍ਹਾਂ ਨੂੰ ਮੋਹਾਲੀ ਅਤੇ ਰਾਜਪੁਰਾ ਵਿੱਚ ਮਿੱਥ ਕੇ ਕਤਲ ਕਰਨ ਦਾ ਕੰਮ ਸੌਂਪਿਆ ਸੀ। ਉਨ੍ਹਾਂ ਦੱਸਿਆ ਕਿ ਗ੍ਰਿਫ਼ਤਾਰ ਕੀਤੇ ਗਏ ਦੋਵੇਂ ਮੁਲਜ਼ਮ ਅਪਰਾਧਿਕ ਪਿਛੋਕੜ ਵਾਲੇ ਨੇ ਅਤੇ ਇਨ੍ਹਾਂ ਖ਼ਿਲਾਫ਼ ਨਸ਼ਿਆਂ ਨੂੰ ਰੋਕਣ

ਬਾਰੇ ਐਕਟ, ਅਸਲਾ ਐਕਟ, ਇਰਾਦਾ ਕਤਲ, ਜ਼ਬਰਨ ਵਸੂਲੀ, ਡਕੈਤੀ, ਲੁੱਟ-ਖੋਹ ਸਮੇਤ ਕਈ ਮਾਮਲੇ ਦਰਜ ਨੇ ।

---

ਜਿਲਾ ਫਰੀਦਕੋਟ ਵਿੱਚ ਕੁਸ਼ਟ ਰੋਗ ਪ੍ਰੋਗਰਾਮ ਤਹਿਤ ਵਿਸ਼ੇਸ ਜਾਗਰੂਕਤਾ ਪ੍ਰੋਗਰਾਮ ਕਰਵਾਏ ਜਾ ਰਹੇ ਨੇ । ਇਸ ਲੜੀ ਤਹਿਤ ਅੱਜ ਸਿਹਤ ਵਿਭਾਗ ਦੇ ਕਰਮਚਾਰੀਆਂ ਅਤੇ ਬਾਬਾ ਬੰਦਾ ਸਿੰਘ ਬਹਾਦਰ ਨਰਸਿੰਗ ਕਾਲਜ ਦੇ ਵਿਦਿਆਰਥੀਆਂ ਵੱਲੋਂ ਕੁਸ਼ਟ ਰੋਗ ਤੋਂ ਬਚਾਅ, ਲੱਛਣਾਂ ਅਤੇ ਮੁਫਤ ਇਲਾਜ ਸਬੰਧੀ ਜਾਗਰੂਕਤਾ ਰੈਲੀ ਕੱਢੀ । ਸਿਵਲ ਸਰਜਨ ਡਾ. ਚੰਦਰ ਸੇਖਰ ਕੱਕੜ ਨੇ ਨਰਸਿੰਗ ਵਿਦਿਆਰਥੀਆਂ ਨੂੰ ਜਾਗਰੂਕ ਕਰਦੇ ਹੋਏ ਕੁਸ਼ਟ ਰੋਗੀਆਂ ਨਾਲ ਹਮਦਰਦੀ ਦਾ ਵਤੀਰਾ ਰੱਖਣ ਲਈ ਪ੍ਰੇਰਿਤ ਕੀਤਾ । ਉਹਨਾਂ ਕਿਹਾ ਕਿ ਕੋਹੜ ਕੋਈ ਲਾਇਲਾਜ ਬਿਮਾਰੀ ਨਹੀਂ, ਇਹ ਹੁਣ ਇਲਾਜਯੋਗ ਏ । ਇਸ ਮੌਕੇ ਕੁਸ਼ਟ ਰੋਗ ਸਬੰਧੀ ਜਾਗਰੂਕ ਕਰਨ ਅਤੇ ਬਿਨਾਂ ਕਿਸੇ ਭੇਦਭਾਵ ਇਲਾਜ ਵਿੱਚ ਮਦਦ ਕਰਨ ਲਈ ਪ੍ਰਣ ਵੀ ਲਿਆ ਗਿਆ । ਪੰਦਰਵਾੜੇ ਦੌਰਾਨ ਕਰਵਾਏ ਗਏ ਪੇਟਿੰਗ ਮੁਕਾਬਲੇ ਦੇ ਜੇਤੂਆਂ ਨੂੰ ਇਨਾਮ ਅਤੇ ਸਮੂਹ ਪ੍ਰਤੀਭਾਗੀਆਂ ਸਰਟੀਫਿਕੇਟ ਵੀ ਦਿੱਤੇ ਗਏ । ਡਾ. ਗਗਨਜੋਤ ਕੌਰ ਨੇ ਕਿਹਾ ਕਿ ਜੇਕਰ ਚਮੜੀ 'ਤੇ ਹਲਕੇ ਤਾਂਬੇ ਰੰਗ ਦੇ ਸੁੰਨ ਨਿਸ਼ਾਨ ਹੋਣ, ਜਿਸ 'ਤੇ ਗਰਮ-ਠੰਢੇ ਦਾ ਪਤਾ ਨਾ ਲੱਗੇ ਤਾਂ ਇਹ

ਕੁਸ਼ਟ ਰੋਗ ਹੋ ਸਕਦਾ ਏ , ਅਜਿਹੇ ਲੱਛਣ ਹੋਣ 'ਤੇ ਤੁਰੰਤ ਨੇੜੇ ਦੇ ਹਸਪਤਾਲ ਜਾ ਕੇ ਚਮੜੀ ਦੇ ਮਾਹਿਰ ਡਾਕਟਰ ਕੋਲ ਜਾਂਚ ਕਾਰਵਾਈ ਜਾਵੇ ।

---------------------------------------------------

- ਵਿਦੇਸ਼ ਮੰਤਰਾਲੇ ਨੇ ਕਿਹਾ-ਭਾਰਤੀ ਮਿਸ਼ਨ ਅਮਰੀਕਾ ਤੋਂ ਦੇਸ਼ ਨਿਕਾਲੇ ਦੀਆਂ ਉਡਾਣਾਂ 'ਤੇ ਪਨਾਮਾ ਅਤੇ ਕੋਸਟਾ ਰੀਕਾ ਲਿਆਂਦੇ ਗਏ ਭਾਰਤੀ ਨਾਗਰਿਕਾਂ ਦੇ ਸਬੰਧ ਵਿੱਚ, ਸਥਾਨਕ ਅਧਿਕਾਰੀਆਂ ਦੇ ਸੰਪਰਕ ਵਿੱਚ ਏ।
- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਭਾਰਤ ਮੰਡਪਮ ਵਿਖੇ ਸਕੂਲ ਆਫ ਅਲਟੀਮੇਟ ਲੀਡਰਸ਼ਿਪ- ਸੰਮੇਲਨ ਦੇ ਪਹਿਲੇ ਸੰਸਕਰਣ ਦਾ ਉਦਘਾਟਨ ਕੀਤਾ -ਕਿਹਾ - ਭਾਰਤ ਆਲਮੀ ਊਰਜਾ ਕੇਂਦਰ ਵਜੋਂ ਉੱਭਰ ਰਿਹਾ ਏ ਅਤੇ ਇਸ ਲਈ ਹਰ ਖੇਤਰ ਵਿੱਚ ਉਰਜਾਵਾਨ ਆਗੂਆਂ ਦੀ ਲੋੜ ਏ।
- ਪੰਜਾਬ ਵਿਚ 21, IPS ਪੁਲਿਸ ਅਧਿਕਾਰੀਆਂ ਦੇ ਤਬਾਦਲੇ ਕਰ ਦਿੱਤੇ ਗਏ ਨੇ।
- NRI ਸਭਾ ਪੰਜਾਬ ਵਲੋਂ, ਪਰਵਾਸ ਦੇ ਮਸਲੇ ਤੇ ਵਿਚਾਰ ਵਿਟਾਂਦਰਾ ਕਰਨ ਲਈ, 22 ਅਤੇ 23 ਫਰਵਰੀ ਨੂੰ ਜਲੰਧਰ ਵਿਚ ਦੋ ਰੋਜ਼ਾ ਕੌਮਾਂਤਰੀ ਸੈਮੀਨਾਰ ਦਾ ਆਯੋਜਨ।

- ਅੱਜ ਪੰਜਾਬ ਸਮੇਤ ਦੇਸ਼ ਭਰ ਵਿਚ ਕੌਮਾਂਤਰੀ ਮਾਂ ਬੋਲੀ ਦਿਵਸ ਮਨਾਇਆ ਜਾ ਰਿਹਾ ਏ। ਅਤੇ
- ਅੰਮ੍ਰਿਤਸਰ ਪੁਲਿਸ ਨੇ 5 ਕਿਲੋ ਹੈਰੋਇਨ ਸਮੇਤ 4 ਮੁਲਜ਼ਮਾਂ ਨੂੰ ਕੀਤਾ ਗ੍ਰਿਫਤਾਰ ਕੀਤਾ ਏ।

**ਇਸਦੇ ਨਾਲ ਹੀ ਖਬਰਾਂ ਦਾ ਇਹ ਬੁਲੇਟਿਨ ਖਤਮ ਹੋਇਆ, ਰਾਸ਼ਟਰੀ ਖਬਰਾਂ ਦਾ ਅਗਲਾ ਬੁਲੇਟਿਨ ਤੁਸੀਂ ਸੁਣੋਗੇ 7 ਵੱਜ 30 'ਤੇ... ਨਮਸਕਾਰ !**